**ਜੈਤਸਰੀ ਮਃ ੪ ॥ ਹਰਿ ਹਰਿ ਹਰਿ ਹਰਿ ਨਾਮੁ ਜਪਾਹਾ ॥ ਗੁਰਮੁਖਿ ਨਾਮੁ ਸਦਾ ਲੈ ਲਾਹਾ ॥ ਹਰਿ ਹਰਿ ਹਰਿ ਹਰਿ ਭਗਤਿ ਦ੍ਰਿੜਾਵਹੁ ਹਰਿ ਹਰਿ ਨਾਮੁ ਉਮਾਹਾ ਰਾਮ ॥੧॥ ਹਰਿ ਹਰਿ ਨਾਮੁ ਦਇਆਲੁ ਧਿਆਹਾ ॥ ਹਰਿ ਕੈ ਰੰਗਿ ਸਦਾ ਗੁਣ ਗਾਹਾ ॥ ਹਰਿ ਹਰਿ ਹਰਿ ਜਸੁ ਘੂਮਰਿ ਪਾਵਹੁ ਮਿਲਿ ਸਤਸੰਗਿ ਉਮਾਹਾ ਰਾਮ ॥੨॥ ਆਉ ਸਖੀ ਹਰਿ ਮੇਲਿ ਮਿਲਾਹਾ ॥ ਸੁਣਿ ਹਰਿ ਕਥਾ ਨਾਮੁ ਲੈ ਲਾਹਾ ॥ ਹਰਿ ਹਰਿ ਕ੍ਰਿਪਾ ਧਾਰਿ ਗੁਰ ਮੇਲਹੁ ਗੁਰਿ ਮਿਲਿਐ ਹਰਿ ਉਮਾਹਾ ਰਾਮ ॥੩॥ ਕਰਿ ਕੀਰਤਿ ਜਸੁ ਅਗਮ ਅਥਾਹਾ ॥ ਖਿਨੁ ਖਿਨੁ ਰਾਮ ਨਾਮੁ ਗਾਵਾਹਾ ॥ ਮੋ ਕਉ ਧਾਰਿ ਕ੍ਰਿਪਾ ਮਿਲੀਐ ਗੁਰ ਦਾਤੇ ਹਰਿ ਨਾਨਕ ਭਗਤਿ ਉਮਾਹਾ ਰਾਮ ॥੪॥੨॥੮॥** {ਪੰਨਾ 698}

ਪਦਅਰਥ:- ਜਪਾਹਾ—ਜਪੋ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਲੈ—ਲਵੋ। ਲਾਹਾ—ਲਾਭ, ਖੱਟੀ। ਦ੍ਰਿੜਾਵਹੁ—ਹਿਰਦੇ ਵਿਚ ਪੱਕੀ ਕਰੋ। ਉਮਾਹਾ—ਚਾਉ, ਉਤਸ਼ਾਹ, ਆਨੰਦ {ਅੱਖਰ 'ੳ' ਦੇ ਨਾਲ ਦੋ ਲਗਾਂ ਹਨ— ◌ੋ ਅਤੇ ◌ੁ। ਅਸਲ ਲਫ਼ਜ਼ 'ਓਮਾਹਾ' ਹੈ, ਇਥੇ 'ਉਮਾਹਾ' ਪੜ੍ਹਨਾ ਹੈ}।1।

ਦਇਆਲੁ—ਦਇਆ ਦਾ ਘਰ, ਦਇਆ ਦਾ ਪੁੰਜ। ਧਿਆਹਾ—ਧਿਆਵੋ। ਕੈ ਰੰਗਿ—ਦੇ ਪ੍ਰੇਮ ਵਿਚ। ਗਾਹਾ—ਗਾਵੋ। ਜਸੁ—ਸਿਫ਼ਤਿ-ਸਾਲਾਹ। ਘੂਮਰਿ—ਘੁਮ ਘੁਮ ਕੇ ਨਾਚ, ਮਸਤ ਕਰਨ ਵਾਲਾ ਨਾਚ। ਮਿਲਿ—ਮਿਲ ਕੇ। ਸਤ ਸੰਗਿ—ਸਤ ਸੰਗ ਵਿਚ।2।

ਸਖੀ—ਹੇ ਸਹੇਲੀਹੋ! ਹੇ ਸਤਸੰਗੀਓ! ਮੇਲਿ—ਮਿਲਾਪ ਵਿਚ, ਚਰਨਾਂ ਵਿਚ। ਮਿਲਾਹਾ—ਮਿਲੋ। ਸੁਣਿ—ਸੁਣ ਕੇ। ਹਰਿ—ਹੇ ਹਰੀ! ਗੁਰਿ ਮਿਲਿਐ—ਜੇ ਗੁਰੂ ਮਿਲ ਪਏ।3।

ਕਰਿ—ਕਰ ਕੇ। ਕੀਰਤਿ—ਸਿਫ਼ਤਿ-ਸਾਲਾਹ। ਅਥਾਹਾ—ਡੂੰਘਾ, ਡੂੰਘੇ ਜਿਗਰੇ ਵਾਲਾ। ਖਿਨੁ ਖਿਨੁ—ਹਰ ਛਿਨ, ਹਰ ਵੇਲੇ। ਗਵਾਹਾ—ਗਾਵੋ। ਮੋ ਕਉ—ਮੈਨੂੰ। ਕਉ—ਨੂੰ। ਗੁਰ—ਹੇ ਗੁਰੂ!।4।

ਅਰਥ:- ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰੋ। ਗੁਰੂ ਦੀ ਸਰਨ ਪੈ ਕੇ ਸਦਾ ਪਰਮਾਤਮਾ ਦਾ ਨਾਮ-ਖੱਟੀ ਖੱਟਦੇ ਰਹੋ। ਹੇ ਭਾਈ! ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਕਰ ਕੇ ਟਿਕਾ ਲਵੋ। ਪਰਮਾਤਮਾ ਦਾ ਨਾਮ (ਮਨੁੱਖ ਦੇ ਮਨ ਵਿਚ) ਆਨੰਦ ਪੈਦਾ ਕਰਦਾ ਹੈ।1।

ਹੇ ਭਾਈ! ਪਰਮਾਤਮਾ ਦਇਆ ਦਾ ਸੋਮਾ ਹੈ, ਉਸ ਦਾ ਨਾਮ ਸਦਾ ਸਿਮਰਦੇ ਰਹੋ। ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦੇ ਗੁਣ ਗਾਂਦੇ ਰਹੋ। ਹੇ ਭਾਈ! ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ (ਸਿਫ਼ਤਿ-ਸਾਲਾਹ ਮਨ ਨੂੰ ਮਸਤ ਕਰਨ ਵਾਲਾ ਨਾਚ ਹੈ, ਇਹ) ਨਾਚ ਨੱਚੋ। ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਆਤਮਕ ਆਨੰਦ ਮਾਣਿਆ ਕਰੋ।2।

ਹੇ ਸੰਤ ਸੰਗੀਓ! ਆਓ, ਰਲ ਕੇ ਪ੍ਰਭੂ ਦੇ ਚਰਨਾਂ ਵਿਚ ਜੁੜੀਏ। ਹੇ ਸਤ ਸੰਗੀਓ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣ ਕੇ ਪਰਮਾਤਮਾ ਦੇ ਨਾਮ-ਸਿਮਰਨ ਦੀ ਖੱਟੀ ਖੱਟਦੇ ਰਹੋ। (ਪ੍ਰਭੂ-ਦਰ ਤੇ ਅਰਦਾਸ ਕਰੋ—) ਹੇ ਪ੍ਰਭੂ! ਮੇਹਰ ਕਰ, (ਸਾਨੂੰ) ਗੁਰੂ ਮਿਲਾ। ਹੇ ਸਤ ਸੰਗੀਓ! ਜੇ ਗੁਰੂ ਮਿਲ ਪਏ, ਤਾਂ (ਹਿਰਦੇ ਵਿਚ) ਆਨੰਦ ਪੈਦਾ ਹੋ ਜਾਂਦਾ ਹੈ।3।

ਹੇ ਭਾਈ! ਉਸ ਅਪਹੁੰਚ ਅਤੇ ਡੂੰਘੇ ਜਿਗਰੇ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ, ਜਸ ਕਰ ਕੇ, ਹਰ ਵੇਲੇ ਉਸ ਦਾ ਨਾਮ ਜਪਿਆ ਕਰੋ। ਹੇ ਨਾਨਕ! (ਆਖ—) ਹੇ ਨਾਮ ਦੀ ਦਾਤਿ ਦੇਣ ਵਾਲੇ ਗੁਰੂ! ਮੇਰੇ ਉਤੇ ਮੇਹਰ ਕਰ, ਮੈਨੂੰ ਮਿਲ, (ਤੇਰੇ ਮਿਲਾਪ ਦੀ ਬਰਕਤਿ ਨਾਲ ਮੇਰੇ ਅੰਦਰ) ਭਗਤੀ ਕਰਨ ਦਾ ਚਾਉ ਪੈਦਾ ਹੋਵੇ।4।2।8।